(2)

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਅਕਾਲ ਅਕੈਡਮੀ, ਬਿਲਗਾ,
(ਜਲੰਧਰ)।

ਮਿਤੀ, ਚੰਡੀਗੜ੍ਹ: 30.6.2004

ਵਿਸ਼ਾ: ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਬਤ।

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਣੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ ਜਲੰਧਰ.................. ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ/ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ ਅਜਿਹੇ ਸਕੂਲਾਂ ਵਿੱਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸਦੇ ਨਾਲ ਹੀ ਇਹ ਵੀ ਲਿਖਿਆ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਪਿਛੋਂ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

Principal
AKAL ACADEMY BILGA
Distt. Jalandhar (Punjab)
Affiliated to CBSE ...

Manager
Akal Academy

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਸ ਗੱਲ ਦੀ ਜ਼ਿੰਮੇਵਾਰ ਹੋਵੇਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ
ਰ.ਰ.

ਪਿੱਠ ਅੰਕਣ ਨੰ:11/38/2004-2ਸਿ:3/ ਮਿਤੀ, ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ, ਪ੍ਰਾਈਵੇਟ ਸੰਸਥਾਵਾਂ(ਸ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੀ ਮੀਮੋ ਨੰ:5/14-04-ਰ-1(5) , ਮਿਤੀ 24.6.2004 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਾਇਆ ਜਾਵੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰ ਰਿਹਾ ਹੈ ਜਾਂ ਨਹੀਂ।

ਸਹੀ/-
ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ

*** *

Principal,

Principal
AKAL ACADEMY BILGA
Distt. Jalandhar (Punjab)
Affiliated to CBSE VIDE No. 1630344

Manager
Akal Academy

50 (2)

Englis' ~~anslation of Punjab Govt. Education Department Letter No. 11/38/2004-2 C-3/13508

Government of Punjab
Education Department
(Education -- 3 Branch)

To

The Principal
Akal Academy Bilga
Jalandhar
Dated : - 30.06.2004

Sub: Issuing of No Objection Certificate Regarding Affiliation to C.B.S.E. New Delhi.

Sir,

Please refer to your letter No. Nil dated Nil

After verifying with great care the documents including affidavit submitted through the District Education Officer Jalandhar and recommendations of the D.P.I. Private Aided (S), the No Objection Certificate is issued subject to the following conditions :

1. If it is found in future that you have submitted the application for no objection certificate on the false ground or / you did not follow the instructions of the Punjab Govt. and you have not obeyed the conditions given in the affidavit, the no objection certificate will be cancelled.
2. It is mandatory for your school to make the arrangement of teaching Punjabi language up to Class X level and that CBSE will make necessary arrangements of conducting examinations of Punjabi subject. In contravention of the above the no objection certificate will be withdrawn immediately.
3. The management of the school will be bound to give salary to the teaching and non-teaching staff like the Govt. employees after getting affiliation to the CBSE. In contravention, the no objection certificate will be withdrawn immediately.
4. You and your management will ensure to supply the necessary information to the District Education Officer of your District or any other senior officer of the Education Department as and when desired and also ensure the necessary co-operation.

Signed / xxxx
Principal Secretary Education

Endst. No. 11/38/2004-2 C-3/. dated Chandigarh

Copy to the Director Education Department Private Aided (S) Punjab, Chandigarh, with reference to his memo No. 15/14-04 Grant-1 (5) dated 24.06.2004 with the request that the above school may be inspected at least once in five years and the necessary report may be sent to the Government so that it may know that the concerned school is following the instructions issued by the Punjab Government in to or not.

Signed / xxxx
Principal Secretary Education

Sahni
Principal
AKAL ACADEMY BILGA
Distt. Jalandhar (Punjab)
Affiliated to CBSE VIDE No. 1830344

Translated & Attested

...Prof. of Languages
... Lang & Culture
P.A.U. LUDHIANA

Manager
Akal Academy